ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

13:40

ਮਿਤੀ :29-11-2025

ਪਹਿਲਾਂ ਇਸ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਜ਼ੋਰ ਦੇ ਕੇ ਕਿਹਾ ਹੈ ਕਿ ਦੇਸ਼ ਭਰ ਵਿੱਚ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਸਮਾਜ ਦੀ ਸਰਗਰਮ ਸ਼ਮੂਲੀਅਤ ਵੱਧ ਰਹੀ ਹੈ।
- ਸ੍ਰੀ ਮੋਦੀ ਨੇ ਫਿੱਟ ਇੰਡੀਆ ਮੁਹਿੰਮ ਤਹਿਤ ਸੰਡੇਜ਼ ਔਨ ਸਾਈਕਲ ਪਹਿਲਕਦਮੀ ਦੇ 100ਵਾਂ ਐਡੀਸ਼ਨ ਪੂਰੇ ਹੋਣ 'ਤੇ ਖੁਸ਼ੀ ਪ੍ਰਗਟ ਕੀਤੀ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਰੱਖਿਆ ਖੇਤਰ ਵਿੱਚ ਉੱਭਰ ਰਹੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਖੋਜ, ਨਵੀਨਤਾ ਅਤੇ ਅਤਿ ਆਧੁਨਿਕ ਟੈਕਨੋਲੋਜੀ ਦੇ ਵਿਕਾਸ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਹੈ।

- ਝਾਰਖੰਡ ਦੇ ਰਾਮਗੜ੍ਹ ਜ਼ਿਲ੍ਹੇ ਵਿੱਚ ਇੱਕ ਸੜਕ ਹਾਦਸੇ ਕਾਰਨ 13 ਲੋਕਾਂ ਦੀ ਮੌਤ ਅਤੇ
- ਕ੍ਰਿਕਟ ਵਿੱਚ ਮੇਜ਼ਬਾਨ ਨਿਊਜ਼ੀਲੈਂਡ ਨੇ ਦੂਜੇ ਟੈਸਟ ਦੇ ਤੀਜੇ ਦਿਨ ਦੀ ਖੇਡ ਖ਼ਤਮ ਹੋਣ ਤੱਕ ਆਪਣੀ ਲੀਡ ਨੂੰ 243 ਦੌੜਾਂ ਤੱਕ ਪਹੁੰਚਾ ਦਿੱਤਾ ਹੈ।

ਹੁਣ ਖ਼ਬਰਾਂ ਵਿਸਥਾਰ ਨਾਲ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਇਸ ਗੱਲ 'ਤੇ ਜ਼ੋਰ ਦਿੱਤਾ ਹੈ ਕਿ ਦੇਸ਼ ਭਰ ਵਿੱਚ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਸਮਾਜ ਦੀ ਸਰਗਰਮ ਸ਼ਮੂਲੀਅਤ ਵੱਧ ਰਹੀ ਹੈ ਅਤੇ ਨਸ਼ਾ ਮੁਕਤ ਯੁਵਾ ਅਭਿਆਨ ਵੀ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ। ਅੱਜ ਸਵੇਰੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਆਪਣੇ ਵਿਚਾਰ ਸਾਂਝੇ ਕਰਦਿਆਂ ਸ੍ਰੀ ਮੋਦੀ ਨੇ ਕਿਹਾ ਕਿ ਭਾਰਤੀ ਨੌਜਵਾਨਾਂ ਦੇ ਹੁਨਰ ਦੀ ਅੱਜ ਦੁਨੀਆਂ ਭਰ ਵਿੱਚ ਮੁੱਖ ਤੌਰ 'ਤੇ ਚਰਚਾ ਹੋ ਰਹੀ ਹੈ ਅਤੇ ਉਹ ਵੱਡੇ ਸੁਪਨੇ ਦੇਖ ਰਹੇ ਨੇ ਤੇ ਉਨ੍ਹਾਂ ਸੁਪਨਿਆਂ ਨੂੰ ਹਕੀਕਤ ਵਿੱਚ ਬਦਲਣ ਲਈ ਆਪਣੀ ਪੂਰੀ ਤਾਕਤ ਨਾਲ ਕੰਮ ਕਰ ਰਹੇ ਨੇ। ਹਾਲਾਂਕਿ ਉਨ੍ਹਾਂ ਕਿਹਾ ਕਿ ਨਸ਼ਾ ਉਨ੍ਹਾਂ ਦੀਆਂ ਆਸਾਂ-ਉਮੀਦਾਂ ਲਈ ਇੱਕ ਵੱਡੀ ਚੁਣੌਤੀ ਵਜੋਂ ਉੱਭਰਿਆ ਹੈ। BYTE---

ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਨੇ ਇੱਕ ਨੌਜਵਾਨ ਨਾਲ ਗੱਲਬਾਤ ਕੀਤੀ ਜਿਸ ਨੇ ਆਪਣੀ ਪੂਰੀ ਇੱਛਾ ਸ਼ਕਤੀ ਨਾਲ ਸਭ ਤੋਂ ਮੁਸ਼ਕਲ ਹਾਲਾਤ ਨਾਲ ਜੂਝਣ ਤੋਂ ਬਾਅਦ ਨਸ਼ੇ 'ਤੇ ਕਾਬੂ ਪਾ ਲਿਆ ਹੈ। ਸ੍ਰੀ ਮੋਦੀ ਨੇ ਕਿਹਾ ਕਿ ਇਸ ਨੌਜਵਾਨ ਦੀ ਕਹਾਣੀ ਬਹੁਤ ਸਾਰੇ ਹੋਰ ਨੌਜਵਾਨਾਂ ਨੂੰ ਮਜ਼ਬੂਤ ਬਣਾਏਗੀ ਜੋ ਨਸ਼ੇ ਦੀ ਆਦਤ ਨੂੰ ਪਿੱਛੇ ਛੱਡਣਾ ਚਾਹੁੰਦੇ ਨੇ। ਡਿਜੀਟਲ ਪਲੇਟਫਾਰਮ ਆਈਗੌਟ ਕਰਮਯੋਗੀ ਦਾ ਜ਼ਿਕਰ ਕਰਦੇ ਹੋਏ ਸ੍ਰੀ ਮੋਦੀ ਨੇ ਕਿਹਾ ਕਿ ਦੇਸ਼ ਭਰ ਵਿੱਚ ਲੱਖਾਂ ਸਰਕਾਰੀ ਮੁਲਾਜ਼ਮ ਕੁਝ ਨਵਾਂ ਸਿੱਖਣ ਲਈ ਬਹੁਤ ਉਤਸ਼ਾਹ ਦਿਖਾ ਰਹੇ ਨੇ। ਇੱਕ ਹੋਰ ਡਿਜੀਟਲ ਪਲੇਟਫਾਰਮ ਸੰਚਾਰ ਸਾਥੀ ਬਾਰੇ ਬੋਲਦਿਆਂ ਸ੍ਰੀ ਮੋਦੀ ਨੇ ਦੱਸਿਆ ਕਿ ਇਹ ਗੁਆਚੇ ਮੋਬਾਈਲ ਫੋਨਾਂ ਨੂੰ ਪ੍ਰਾਪਤ ਕਰਨ ਵਿੱਚ ਲਾਭਦਾਇਕ ਰਿਹਾ ਹੈ। BYTE

ਸ੍ਰੀ ਮੋਦੀ ਨੇ ਖੁਸ਼ੀ ਪ੍ਰਗਟ ਕੀਤੀ ਕਿ ਫਿੱਟ ਇੰਡੀਆ ਮੁਹਿੰਮ ਤਹਿਤ ਸੰਡੇਜ਼ ਔਨ ਸਾਈਕਲ ਪਹਿਲਕਦਮੀ ਨੇ 100 ਐਡੀਸ਼ਨ ਪੂਰੇ ਕਰ ਲਏ ਨੇ। ਸ੍ਰੀ ਮੋਦੀ ਨੇ ਦੱਸਿਆ ਕਿ 2032 ਯੂਸੀਆਈ ਰੋਡ ਵਰਲਡ ਚੈਂਪੀਅਨਸ਼ਿਪ ਪੁਣੇ ਵਿੱਚ ਕਰਾਈ ਜਾਏਗੀ। ਉਨ੍ਹਾਂ ਕਿਹਾ ਕਿ ਭਾਰਤ ਖੇਡਾਂ ਵਿੱਚ ਲਗਾਤਾਰ ਨਵੇਂ ਮੀਲ ਪੱਥਰ ਪ੍ਰਾਪਤ ਕਰ ਰਿਹਾ ਹੈ। ਸ੍ਰੀ ਮੋਦੀ ਨੇ ਲੋਕਾਂ ਨੂੰ ਆਪਣੀ ਖੁਰਾਕ ਵਿੱਚ ਤੇਲ ਦੀ ਵਰਤੋਂ 10 ਫ਼ੀਸਦੀ ਘਟਾਉਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਮੋਟਾਪਾ ਦੇਸ਼ ਲਈ ਇੱਕ ਵੱਡੀ

ਚੁਣੌਤੀ ਹੈ ਅਤੇ ਲੋਕਾਂ ਨੂੰ ਇਸ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਉਨ੍ਹਾਂ ਅੱਗੇ ਕਿਹਾ ਕਿ ਵਧਦਾ ਮੋਟਾਪਾ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਵੱਲ ਲੈ ਜਾਂਦਾ ਹੈ, ਇਸ ਲਈ ਖੁਰਾਕ ਅਤੇ ਕਸਰਤ ਪ੍ਰਤੀ ਸੁਚੇਤ ਰਹਿਣਾ ਜ਼ਰੂਰੀ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਕੈਨੇਡਾ ਵਿੱਚ ਰੈੱਡ ਐੱਫਐੱਮ ਨਾਲ ਜੁੜੇ ਕੁਲਵਿੰਦਰ ਸੰਘੇੜਾ ਨੇ ਕਮਿਊਨਿਟੀ ਰੇਡੀਓ ਨੂੰ ਲੋਕਾਂ ਨੂੰ ਜੋੜਨ ਅਤੇ ਸੇਵਾਮੁਖੀ ਕੰਮ ਕਰਨ ਦੇ ਮਾਧਿਅਮ ਵਿੱਚ ਬਦਲ ਦਿੱਤਾ ਹੈ। ਸ੍ਰੀ ਮੋਦੀ ਨੇ ਸੋਭਾ ਸਿੰਘ ਨੂੰ ਉਨ੍ਹਾਂ ਦੀ 125ਵੀਂ ਜਨਮ ਵਰ੍ਹੇਗੰਢ 'ਤੇ ਯਾਦ ਕੀਤਾ ਜਿਨ੍ਹਾਂ ਨੇ ਸਿੱਖ ਗੁਰੂਆਂ ਦੀਆਂ ਸ਼ਾਨਦਾਰ ਪੇਂਟਿੰਗਾਂ ਬਣਾਈਆਂ ਨੇ। BYTE

ਪ੍ਰਧਾਨ ਮੰਤਰੀ ਨੇ ਭਾਰਤੀ ਸੰਵਿਧਾਨ ਦੇ ਖਰੜੇ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਵਾਲੇ ਬੀ ਐਨ ਰਾਓ ਨੂੰ ਵੀ ਯਾਦ ਕੀਤਾ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਡਾਕਟਰ ਭੂਪੇਨ ਹਜ਼ਾਰਿਕਾ ਦੇ ਜਨਮ ਸ਼ਤਾਬਦੀ ਸਮਾਰੋਹ ਦੇ ਸਮਾਪਤੀ ਸਮਾਗਮ ਵਿੱਚ ਹਿੱਸਾ ਲੈਣਗੇ। ਪ੍ਰਧਾਨ ਮੰਤਰੀ ਇਸ ਮੌਕੇ ਇਕੱਠ ਨੂੰ ਸੰਬੋਧਨ ਵੀ ਕਰਨਗੇ। ਡਾਕਟਰ ਭੂਪੇਨ ਹਜ਼ਾਰਿਕਾ ਦਾ ਜਨਮ 8 ਸਤੰਬਰ 1926 ਨੂੰ ਆਸਾਮ ਦੇ ਸਦੀਆ ਵਿੱਚ ਹੋਇਆ ਸੀ। ਡਾਕਟਰ ਹਜ਼ਾਰਿਕਾ ਦਾ ਆਸਾਮ ਦੇ ਸੱਭਿਆਚਾਰਕ ਇਤਿਹਾਸ ਵਿੱਚ ਇੱਕ ਵਿਸ਼ੇਸ਼

ਸਥਾਨ ਹੈ ਅਤੇ ਉਨ੍ਹਾਂ ਨੂੰ ਸੁਧਾ ਕੰਠ ਅਤੇ ਬ੍ਰਹਮਪੁੱਤਰ ਦੇ ਕਵੀ ਵਜੋਂ ਪਿਆਰ ਨਾਲ ਯਾਦ ਕੀਤਾ ਜਾਂਦਾ ਹੈ।

ਇਹ ਖ਼ਬਰਾਂ ਤੁਸੀਂ ਆਕਾਸ਼ਵਾਣੀ ਤੋਂ ਸੁਣ ਰਹੇ ਹੋ, ਸਾਡਾ ਐਕਸ ਹੈਂਡਲ ਹੈ @AIRRNEUJALANDHAR।

ਨੌਜਵਾਨ ਮਾਮਲੇ ਅਤੇ ਖੇਡਾਂ ਬਾਰੇ ਕੇਂਦਰੀ ਮੰਤਰੀ ਡਾਕਟਰ ਮਨਸੁਖ ਮਾਂਡਵੀਆ ਨੇ ਕਿਹਾ ਹੈ ਕਿ ਇੱਕ ਤੰਦਰੁਸਤ ਅਤੇ ਸਿਹਤਮੰਦ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਨਾਗਰਿਕਾਂ ਅਤੇ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ ਹੈ। ਉਹ ਪੁਣੇ ਦੇ ਪਿੰਪਰੀ ਚਿੰਚਵਾੜ 'ਤੇ ਮੋਸ਼ੀ ਵਿਖੇ ਫਿੱਟ ਇੰਡੀਆ ਸੰਡੇ ਔਨ ਸਾਈਕਲ ਪਹਿਲ ਦੇ 100ਵੇਂ ਐਡੀਸ਼ਨ ਵਿੱਚ ਬੋਲ ਰਹੇ ਸਨ। ਡਾਕਟਰ ਮਾਂਡਵੀਆ ਨੇ ਕਿਹਾ ਕਿ ਦੇਸ਼ ਭਰ ਵਿੱਚ 250 ਥਾਵਾਂ 'ਤੇ ਸ਼ੁਰੂ ਹੋਈ ਸਾਈਕਲਿੰਗ ਪਹਿਲ ਹੁਣ ਥੋੜ੍ਹੇ ਸਮੇਂ ਵਿੱਚ 40,000 ਥਾਵਾਂ ਤੱਕ ਫੈਲ ਗਈ ਹੈ। ਇਹ ਪਹਿਲ ਜਨਤਕ ਸਿਹਤ ਨੂੰ ਉਤਸ਼ਾਹਿਤ ਕਰ ਰਹੀ ਹੈ ਅਤੇ ਪ੍ਰਦੂਸ਼ਣ 'ਤੇ ਕੰਟਰੋਲ ਬਾਰੇ ਜਾਗਰੂਕਤਾ ਪੈਦਾ ਕਰ ਰਹੀ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸੰਦੇਸ਼ ਵਿਕਸਿਤ ਭਾਰਤ ਲਈ ਫਿੱਟਨੈੱਸ ਖੁਰਾਕ ਯੋਜਨਾ ਰੋਜ਼ਾਨਾ ਅੱਧਾ ਘੰਟਾ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੇ ਨਾਗਰਿਕਾਂ ਨੂੰ ਹਰ ਰੋਜ਼ ਘੱਟੋ-ਘੱਟ 30 ਮਿੰਟ

ਸਰੀਰਕ ਕਸਰਤ ਲਈ ਸਮਰਪਿਤ ਕਰਨ ਦੀ ਅਪੀਲ ਕੀਤੀ। ਕੇਂਦਰੀ ਮੰਤਰੀ ਨੇ 5 ਕਿਲੋਮੀਟਰ ਦੇ ਸਾਈਕਲਿੰਗ ਪ੍ਰੋਗਰਾਮ ਵਿੱਚ ਹਿੱਸਾ ਲਿਆ ਜਦੋਂ ਕਿ ਕਰੀਬ 50,000 ਸਾਈਕਲ ਸਵਾਰਾਂ ਨੇ 25 ਕਿਲੋਮੀਟਰ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ। ਮਾਈ ਭਾਰਤ ਦੀ ਹਮਾਇਤ ਨਾਲ ਨੌਜਵਾਨਾਂ ਨੇ ਦੇਸ਼ ਦੇ ਹਰ ਜ਼ਿਲ੍ਹੇ ਵਿੱਚ ਸਾਈਕਲਿੰਗ ਗਤੀਵਿਧੀਆਂ ਵਿੱਚ ਹਿੱਸਾ ਲਿਆ। ਇਸ ਤੋਂ ਇਲਾਵਾ 100 ਭਾਰਤੀ ਓਲੰਪਿਕ ਐਥਲੀਟਾਂ ਨੇ ਦੇਸ਼ ਭਰ ਵਿੱਚ 100 ਪ੍ਰਮੁੱਖ ਸਥਾਨਾਂ 'ਤੇ ਇਸ ਪਹਿਲਕਦਮੀ ਵਿੱਚ ਹਿੱਸਾ ਲਿਆ।

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਰੱਖਿਆ ਖੇਤਰ ਵਿੱਚ ਉੱਭਰ ਰਹੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਖੋਜ, ਨਵੀਨਤਾ ਅਤੇ ਅਤਿ ਆਧੁਨਿਕ ਟੈਕਨੋਲੋਜੀਆਂ ਦੇ ਵਿਕਾਸ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਹੈ। ਉਹ ਪੁਣੇ ਵਿੱਚ ਡਿਫੈਂਸ ਇੰਸਟੀਚਿਊਟ ਆਫ਼ ਐਡਵਾਂਸਡ ਟੈਕਨੋਲੋਜੀ ਡੀਆਈਏਟੀ ਦੇ 15ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਬੋਲ ਰਹੇ ਸਨ। ਰੱਖਿਆ ਮੰਤਰੀ ਨੇ ਕਿਹਾ ਕਿ ਰੱਖਿਆ ਖੇਤਰ ਵਿੱਚ ਤਕਨੀਕੀ ਵਿਕਾਸ ਸਿਰਫ਼ ਹਥਿਆਰਬੰਦ ਬਲਾਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ ਸਗੋਂ ਆਮ ਲੋਕਾਂ ਨੂੰ ਵੀ ਲਾਭ ਪਹੁੰਚਾਉਣਾ ਚਾਹੀਦਾ ਹੈ। ਉਨ੍ਹਾਂ ਨੇ ਵਿੱਦਿਅਕ ਸੰਸਥਾਵਾਂ, ਖੋਜ ਸੰਗਠਨਾਂ ਅਤੇ ਸਨਅਤਾਂ ਨੂੰ

ਰਲ ਕੇ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਭਾਰਤ ਨੂੰ ਵਿਸ਼ਵ ਪੱਧਰੀ ਖੋਜ, ਆਧੁਨਿਕ ਬੁਨਿਆਦੀ ਢਾਂਚੇ ਅਤੇ ਹੁਨਰਮੰਦ ਮਨੁੱਖੀ ਵਸੀਲਿਆਂ ਦੇ ਸੁਮੇਲ ਰਾਹੀਂ ਇੱਕ ਵਿਸ਼ਵ ਪੱਧਰੀ ਟੈਕਨੋਲੋਜੀ ਕੇਂਦਰ ਵਜੋਂ ਉੱਭਰਨ ਦਾ ਸੱਦਾ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਹੁਨਰਾਂ ਨੂੰ ਲਗਾਤਾਰ ਅਪਗ੍ਰੇਡ ਕਰਨ ਅਤੇ ਵਿਸ਼ਵ ਪੱਧਰ 'ਤੇ ਲੀਡਰਸ਼ਿਪ ਸਮਰੱਥਾਵਾਂ ਵਿਕਸਿਤ ਕਰਨ ਦੀ ਵੀ ਅਪੀਲ ਕੀਤੀ। ਸ੍ਰੀ ਸਿੰਘ ਨੇ ਕਿਹਾ ਕਿ ਦੇਸ਼ ਨੂੰ ਦਰਪੇਸ਼ ਚੁਣੌਤੀਆਂ ਦੇ ਹੱਲ ਲੱਭਣ ਲਈ ਖੋਜ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ।

ਝਾਰਖੰਡ ਵਿੱਚ ਅੱਜ ਰਾਮਗੜ੍ਹ ਜ਼ਿਲ੍ਹੇ ਵਿੱਚ ਇੱਕ ਤੇਜ਼ ਰਫ਼ਤਾਰ ਕਾਰ ਅਤੇ ਇੱਕ ਹੋਰ ਵਾਹਨ ਨਾਲ ਟਕਰਾਉਣ ਕਾਰਨ 13 ਲੋਕਾਂ ਦੀ ਮੌਤ ਹੋ ਗਈ। ਇਹ ਹਾਦਸਾ ਰਾਂਚੀ ਪਟਨਾ ਸ਼ਾਹਰਾਹ 'ਤੇ ਪੈਨਕੀ ਪਿੰਡ ਨੇੜੇ ਵਾਪਰਿਆ। ਰਾਸ਼ਟਰਪਤੀ ਦ੍ਰੌਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਦੁਖਦਾਈ ਹਾਦਸੇ ਕਾਰਨ ਹੋਏ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ ਹੈ। ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਹੈ ਕਿ ਜਾਨ ਗਵਾਉਣ ਵਾਲੇ ਹਰੇਕ ਵਿਅਕਤੀ ਦੇ ਨੇੜਲੇ ਰਿਸ਼ਤੇਦਾਰ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਫੰਡ ਤੋਂ 2 ਲੱਖ ਰੁਪਏ ਦੀ ਰਾਹਤ ਰਕਮ

ਦਿੱਤੀ ਜਾਏਗੀ। ਉਨ੍ਹਾਂ ਕਿਹਾ ਕਿ ਜ਼ਖ਼ਮੀਆਂ ਨੂੰ 50-50 ਹਜ਼ਾਰ ਰੁਪਏ ਦਿੱਤੇ ਜਾਣਗੇ।

57ਵਾਂ ਭਾਰਤੀ ਅੰਤਰਰਾਸ਼ਟਰੀ ਫ਼ਿਲਮ ਸਮਾਰੋਹ ਕੱਲ੍ਹ ਸ਼ਾਮ ਗੋਆ ਵਿੱਚ ਸ਼ਾਨਦਾਰ ਸਮਾਪਤੀ ਸਮਾਰੋਹ ਨਾਲ ਖ਼ਤਮ ਹੋ ਗਿਆ ਹੈ। ਪੁਰਤਗਾਲੀ ਫ਼ਿਲਮ ਨਿਰਮਾਤਾ ਟਿਆਗੋ ਗੁਏਦੇਸ ਦੀ ਫ਼ਿਲਮ ਆਕੀ ਨੂੰ ਸਭ ਤੋਂ ਬਿਹਤਰੀਨ ਫ਼ਿਲਮ ਲਈ ਵੱਕਾਰੀ ਗੋਲਡਨ ਪੀਕੌਕ ਅਵਾਰਡ ਦਿੱਤਾ ਗਿਆ।

ਕ੍ਰਿਕਟ ਵਿੱਚ ਮੇਜ਼ਬਾਨ ਨਿਊਜ਼ੀਲੈਂਡ ਨੇ ਕ੍ਰਾਈਸਟਚਰਚ ਵਿੱਚ ਦੂਜੇ ਟੈਸਟ ਦੇ ਤੀਜੇ ਦਿਨ ਦੀ ਖੇਡ ਖ਼ਤਮ ਹੋਣ ਤੱਕ ਆਪਣੀ ਦੂਜੀ ਪਾਰੀ ਵਿੱਚ 133 ਦੌੜਾਂ 'ਤੇ ਤਿੰਨ ਵਿਕਟਾਂ ਗੁਆ ਦਿੱਤੀਆਂ ਤੇ ਆਪਣੀ ਲੀਡ ਨੂੰ 243 ਦੌੜਾਂ ਤੱਕ ਪਹੁੰਚਾ ਦਿੱਤਾ। ਸਲਾਮੀ ਬੱਲੇਬਾਜ਼ ਡੇਵੋਨ ਕੌਨਵੇ ਨੇ 97 ਗੇਂਦਾਂ 'ਤੇ 51 ਦੌੜਾਂ ਬਣਾਈਆਂ ਜਦੋਂ ਕਿ ਭਾਰਤੀ ਤੇਜ਼ ਗੇਂਦਬਾਜ਼ ਜਸਪ੍ਰੀਤ ਬੁਮਰਾਹ ਨੇ ਦੋ ਵਿਕਟਾਂ ਲਈਆਂ। ਖੇਡ ਖ਼ਤਮ ਹੋਣ ਤੱਕ ਰਚਿਨ ਰਵਿੰਦਰ 46 ਅਤੇ ਡੈਰਲ ਮਿਸ਼ੇਲ ਪੰਜ ਦੌੜਾਂ 'ਤੇ ਬੱਲੇਬਾਜ਼ੀ ਕਰ ਰਹੇ ਸਨ।

ਆਖ਼ਰ ਵਿੱਚ ਖ਼ਾਸ ਖ਼ਬਰਾਂ ਇੱਕ ਵਾਰ ਫਿਰ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਜ਼ੋਰ ਦੇ ਕੇ ਕਿਹਾ ਹੈ ਕਿ ਦੇਸ਼ ਭਰ ਵਿੱਚ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਸਮਾਜ ਦੀ ਸਰਗਰਮ ਸ਼ਮੂਲੀਅਤ ਵੱਧ ਰਹੀ ਹੈ।
- ਸ੍ਰੀ ਮੋਦੀ ਨੇ ਫਿੱਟ ਇੰਡੀਆ ਮੁਹਿੰਮ ਤਹਿਤ ਸੰਡੇਜ਼ ਔਨ ਸਾਈਕਲ ਪਹਿਲਕਦਮੀ ਦੇ 100ਵਾਂ ਐਡੀਸ਼ਨ ਪੂਰੇ ਹੋਣ 'ਤੇ ਖੁਸ਼ੀ ਪ੍ਰਗਟ ਕੀਤੀ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਰੱਖਿਆ ਖੇਤਰ ਵਿੱਚ ਉੱਭਰ ਰਹੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਖੋਜ, ਨਵੀਨਤਾ ਅਤੇ ਅਤਿ ਆਧੁਨਿਕ ਟੈਕਨੋਲੋਜੀ ਦੇ ਵਿਕਾਸ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਹੈ।
- ਝਾਰਖੰਡ ਦੇ ਰਾਮਗੜ੍ਹ ਜ਼ਿਲ੍ਹੇ ਵਿੱਚ ਇੱਕ ਸੜਕ ਹਾਦਸੇ ਕਾਰਨ 13 ਲੋਕਾਂ ਦੀ ਮੌਤ ਅਤੇ
- ਕ੍ਰਿਕਟ ਵਿੱਚ ਮੇਜ਼ਬਾਨ ਨਿਊਜ਼ੀਲੈਂਡ ਨੇ ਦੂਜੇ ਟੈਸਟ ਦੇ ਤੀਜੇ ਦਿਨ ਦੀ ਖੇਡ ਖ਼ਤਮ ਹੋਣ ਤੱਕ ਆਪਣੀ ਲੀਡ ਨੂੰ 243 ਦੌੜਾਂ ਤੱਕ ਪਹੁੰਚਾ ਦਿੱਤਾ ਹੈ।

ਇਸ ਦੇ ਨਾਲ ਹੀ ਸਾਡਾ ਇਹ ਬੁਲੇਟਿਨ ਖ਼ਤਮ ਹੁੰਦਾ ਹੈ। ਸਾਡਾ ਅਗਲਾ ਪ੍ਰਾਦੇਸ਼ਿਕ ਬੁਲੇਟਿਨ ਸ਼ਾਮ 6:20 ’ਤੇ ਹੋਏਗਾ।

ਨਮਸਕਾਰ।